# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 pm**

**ਮਿਤੀ: 20-04-2025**

ਭਾਰਤੀ ਜਨਤਾ ਪਾਰਟੀ ਅੱਜ ਤੋਂ ਵਕਫ਼ ਸੁਧਾਰ ਜਨ ਜਾਗਰਣ ਅਭਿਆਨ ਸ਼ੁਰੂ ਕਰ ਰਹੀ ਏ। ਇਸਦਾ ਉਦੇਸ਼ ਲੋਕਾਂ ਨੂੰ ਵਕਫ਼ ਸੋਧ ਕਾਨੂੰਨ ਦੇ ਫਾਇਦਿਆਂ ਬਾਰੇ ਜਾਗਰੂਕ ਕਰਨਾ ਏ। ਇਹ ਦੇਸ਼ ਵਿਆਪੀ ਮੁਹਿੰਮ 5 ਮਈ ਤੱਕ ਜਾਰੀ ਰਹੇਗੀ। ਇਸ ਮੁਹਿੰਮ ਦੌਰਾਨ ਭਾਜਪਾ ਨੇਤਾ ਤੇ ਵਰਕਰ ਮੁਸਲਿਮ ਭਾਈਚਾਰੇ ਦੇ ਲੋਕਾਂ ਨੂੰ ਮਿਲਣਗੇ। ਪਾਰਟੀ ਪ੍ਰਧਾਨ ਜੇ.ਪੀ. ਨੱਡਾ ਨੇ ਇਸ ਮਹੀਨੇ ਦੀ 10 ਤਰੀਕ ਨੂੰ ਨਵੀਂ ਦਿੱਲੀ ਸਥਿਤ ਪਾਰਟੀ ਸਦਰ ਮੁਕਾਮ ਵਿਖੇ ਇਸ ਮੁਹਿੰਮ ਦੀ ਸ਼ੁਰੂਆਤ ਦਾ ਐਲਾਨ ਕੀਤਾ ਸੀ। ਸ੍ਰੀ ਨੱਡਾ ਨੇ ਇਲਜ਼ਾਮ ਲਗਾਇਆ ਸੀ ਕਿ ਵਿਰੋਧੀ ਨੇਤਾ ਵੋਟ ਬੈਂਕ ਦੀ ਰਾਜਨੀਤੀ ਲਈ ਸੋਧੇ ਹੋਏ ਕਾਨੂੰਨ ਦੇ ਉਪਬੰਧਾਂ ਬਾਰੇ ਮੁਸਲਮਾਨਾਂ ਨੂੰ ਗੁੰਮਰਾਹ ਕਰ ਰਹੇ ਨੇ। ਉਨ੍ਹਾਂ ਇਹ ਵੀ ਕਿਹਾ ਕਿ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ ਅਗਵਾਈ ਵਾਲੀ ਸਰਕਾਰ, ਪੂਰੀ ਪਾਰਦਰਸ਼ਤਾ ਤੇ ਵਕਫ਼ ਜਾਇਦਾਦਾਂ ਦੇ ਕੁਸ਼ਲ ਪ੍ਰਬੰਧਨ ਨਾਲ ਵਕਫ਼ ਲਈ ਭਲਾਈ ਪ੍ਰੋਗਰਾਮ ਸ਼ੁਰੂ ਕਰਨ ਲਈ ਵਚਨਬੱਧ ਏ।

---

ਅੱਜ ਦੁਨੀਆ ਭਰ ਵਿਚ ਈਸਟਰ ਦਾ ਤਿਉਹਾਰ ਮਨਾਇਆ ਜਾ ਰਿਹਾ ਏ। ਇਸ ਦਿਨ ਨੂੰ ਮਨਾਉਣ ਲਈ ਗਿਰਜਾਘਰਾਂ ਵਿਚ ਵਿਸ਼ੇਸ਼ ਪ੍ਰਾਰਥਨਾ ਸਭਾਵਾਂ ਹੋ ਰਹੀਆਂ ਨੇ। ਰਾਸ਼ਟਰਪਤੀ ਦ੍ਰੋਪਦੀ ਮੁਰਮੂ, ਉਪ-ਰਾਸ਼ਟਰਪਤੀ ਜਗਦੀਪ ਧਨਖੜ ਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਅੱਜ ਈਸਟਰ ਦੇ ਤਿਉਹਾਰ ਮੌਕੇ ਦੇਸ਼ ਵਾਸੀਆਂ ਨੂੰ ਵਧਾਈਆਂ ਦਿੱਤੀਆਂ ਨੇ। ਇਕ ਸੋਸ਼ਲ ਮੀਡੀਆ ਪੋਸਟ ਵਿਚ ਰਾਸ਼ਟਰਪਤੀ ਨੇ ਕਿਹਾ ਕਿ ਇਹ ਤਿਉਹਾਰ ਨਵੀਂ ਉਮੀਦ ਤੇ ਨਵੀਂ ਸ਼ੁਰੂਆਤ ਦੀ ਭਾਵਨਾ ਨੂੰ ਪ੍ਰੇਰਿਤ ਕਰਦਾ ਏ। ਆਪਣੇ ਸੰਦੇਸ਼ ਵਿਚ ਉਪ-ਰਾਸ਼ਟਰਪਤੀ ਨੇ ਪ੍ਰਾਰਥਨਾ ਕੀਤੀ ਕਿ ਇਹ ਪਵਿੱਤਰ ਦਿਨ ਸਾਨੂੰ ਸਾਰਿਆਂ ਨੂੰ ਕਮਜ਼ੋਰ ਲੋਕਾਂ ਦੀ ਭਲਾਈ ਪ੍ਰਤੀ ਆਪਣੀ ਵਚਨਬੱਧਤਾ ਨੂੰ ਨਵਿਆਉਣ ਤੇ ਮਸੀਹ ਦੇ ਬਿਨਾਂ ਸ਼ਰਤ ਪਿਆਰ ਦੇ ਸੰਦੇਸ਼ ਨੂੰ ਅਪਣਾਉਣ ਲਈ ਪ੍ਰੇਰਿਤ ਕਰਦਾ ਏ। ਪ੍ਰਧਾਨ ਮੰਤਰੀ ਨੇ ਕਿਹਾ ਏ ਕਿ ਇਹ ਤਿਉਹਾਰ ਖਾਸ ਏ ਕਿਉਂਕਿ ਦੁਨੀਆ ਭਰ ਵਿਚ, ਜੁਬਲੀ ਸਾਲ ਬਹੁਤ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਏ। ਉਹਨਾਂ ਪ੍ਰਾਰਥਨਾ ਕੀਤੀ ਕਿ ਇਹ ਪਵਿੱਤਰ ਮੌਕਾ ਹਰ ਵਿਅਕਤੀ ਵਿਚ ਉਮੀਦ, ਨਵੀਨੀਕਰਨ ਤੇ ਹਮਦਰਦੀ ਨੂੰ ਪ੍ਰੇਰਿਤ ਕਰੇ।

--------------------------------------------------------------------------------

ਓਧਰ ਮੁਹਾਲੀ ਜ਼ਿਲ੍ਹੇ ਵਿਚ ਵੀ ਇਸਾਈ ਭਾਈਚਾਰੇ ਦੇ ਲੋਕਾਂ ਨੇ ਇਹ ਦਿਹਾੜਾ ਬੜੇ ਹੀ ਉਤਸ਼ਾਹ ਤੇ ਸ਼ਰਧਾ ਨਾਲ ਮਨਾਇਆ। ਜ਼ਿਲ੍ਹੇ ਦੇ ਵੱਖ-ਵੱਖ ਗਿਰਜਾਘਰਾਂ ਵਿੱਚ ਵਿਸ਼ੇਸ਼ ਸਮਾਗਮ ਕਰਵਾਏ ਗਏ। ਇਸੇ ਤਰ੍ਹਾਂ ਖਰੜ ਦੇ ਸੀ.ਐਨ.ਆਈ. ਗਿਰਜਾਘਰਾਂ ਨੂੰ ਪ੍ਰਭੂ ਯਿਸੂ ਮਸੀਹ ਦਾ ਸਵਾਗਤ ਕਰਨ ਲਈ ਸਜਾਇਆ ਗਿਆ ਸੀ। ਪਵਿੱਤਰ ਬਾਈਬਲ ਦੀਆਂ ਆਇਤਾਂ ਦਾ ਪਾਠ ਕੀਤਾ ਗਿਆ । ਕਈ ਥਾਈਂ ਖ਼ੁਸ਼ੀ ਵਿੱਚ ਲੰਗਰ ਵੀ ਲਗਾਏ ਗਏ। ਅੱਜ ਸਵੇਰੇ ਤੋਂ ਹੀ ਸਮੂਹ ਗਿਰਜਾਘਰਾਂ ਚ ਪ੍ਰਾਥਨਾ ਸਭਾਵਾਂ ਦਾ ਆਯੋਜਨ ਕੀਤਾ ਗਿਆ ।

--------------------------------------------------------------------------------

ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਏਮਜ਼ ਬਠਿੰਡਾ ਵਿਖੇ ਦੋ ਰੋਜਾ ਵਰਕਸ਼ਾਪ ਦੇ ਉਦਘਾਟਨੀ ਸਮਾਰੋਹ ਵਿਚ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ । ਇਸ ਦੋ ਰੋਜਾ ਵਰਕਸ਼ਾਪ ਚ ਦੇਸ਼ ਵਿਦੇਸ਼ਾਂ ਚੋਂ ਕਰੀਬ 350 ਡਾਕਟਰਾਂ ਵਲੋਂ 22 ਮਰੀਜ਼ਾਂ ਦੀ ਪੱਥਰੀ ਕੱਢਣ ਦੀ ਆਧੁਨਿਕ ਵਿਧੀ ਤੇ ਤਕਨਾਲੋਜੀ ਰਾਹੀਂ ਬਿਨਾਂ ਕਿਸੇ ਖਰਚ ਦੇ ਆਪਰੇਸ਼ਨ ਕੀਤੇ ਜਾਣਗੇ। ਇਸ ਮੌਕੇ ਸੰਬੋਧਨ ਕਰਦਿਆਂ ਰਾਜਪਾਲ ਕਟਾਰੀਆ ਨੇ ਇਸ ਵਰਕਸ਼ਾਪ ਨੂੰ ਪੰਜਾਬ ਲਈ ਇਕ ਮਾਣ ਵਾਲਾ ਪਲ ਦੱਸਿਆ ਤੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਭਾਰਤ ਭਰ ਦੇ ਪ੍ਰਸਿੱਧ ਯੂਰੋਲੋਜੀਕਲ ਮਾਹਿਰ

ਗੁਰਦੇ ਦੀ ਪੱਥਰੀ ਦੀ ਸਰਜਰੀ ਵਿਚ ਮਹੱਤਵਪੂਰਨ ਪ੍ਰਗਤੀ 'ਤੇ ਵਿਚਾਰ-ਵਟਾਂਦਰਾ ਕਰਨ ਲਈ ਇਕੱਠੇ ਹੋਏ ਨੇ। ਰਾਜਪਾਲ ਨੇ ਏਮਜ਼ ਬਠਿੰਡਾ ਦੇ ਯੂਰੋਲੋਜੀ ਵਿਭਾਗ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਥੇ ਪੰਜਾਬ ਤੋਂ ਇਲਾਵਾ ਹਰਿਆਣਾ ਤੇ ਰਾਜਸਥਾਨ ਤੋਂ ਵੀ ਭਾਰੀ ਗਿਣਤੀ ਵਿਚ ਮਰੀਜ਼ ਲਾਹਾ ਲੈ ਰਹੇ ਨੇ। ਇਸ ਮੌਕੇ ਉਹਨਾਂ ਨਸ਼ਾ ਮੁਕਤ ਪੰਜਾਬ ਲਈ ਸਮੂਹਿਕ ਤੌਰ 'ਤੇ ਯਤਨ ਕਰਨ ਦਾ ਸੱਦਾ ਦਿੱਤਾ।

------------------------------------------------------------------------

ਪੰਜਾਬ ਮੰਡੀ ਬੋਰਡ ਦੇ ਸਕੱਤਰ  ਰਾਮਵੀਰ ਵਲੋਂ ਜ਼ਿਲ੍ਹਾ ਸੰਗਰੂਰ ਦੀਆਂ ਅਨਾਜ ਮੰਡੀਆਂ ਦਾ ਅਚਨਚੇਤ ਦੌਰਾ ਕੀਤਾ ਗਿਆ। ਧੂਰੀ ਤੇ ਸੰਗਰੂਰ ਅਨਾਜ ਮੰਡੀਆਂ ਵਿਚ ਉਨ੍ਹਾਂ ਕਣਕ ਦੀਆਂ ਢੇਰੀਆਂ ਵਿਚ ਨਮੀ ਦਾ ਨਿਰੀਖਣ ਵੀ ਕੀਤਾ। ਇਸ ਮੌਕੇ ਉਨ੍ਹਾਂ ਕਿਹਾ ਕਿ ਬੀਤੇ ਦਿਨੀਂ ਆਏ ਭਾਰੀ ਤੂਫ਼ਾਨ ਤੇ ਮੀਂਹ ਕਾਰਨ ਮੰਡੀਆਂ ਵਿਚ ਨੀਵੀਆਂ ਥਾਵਾਂ ਉੱਤੇ ਲੱਗੀਆਂ ਕਣਕ ਦੀਆਂ ਕੁਝ ਢੇਰੀਆਂ ਨੂੰ ਪਾਣੀ ਜ਼ਰੂਰ ਲੱਗਿਆ ਸੀ, ਪਰ ਮੰਡੀਆਂ ਵਿੱਚ ਮੌਜੂਦ ਮੰਡੀ ਬੋਰਡ ਦੇ ਮੁਲਾਜ਼ਮਾਂ ਤੇ ਆੜ੍ਹਤੀਆਂ ਨੇ ਕਣਕ ਨੂੰ ਸੁਕਾਉਣ ਦੀ ਕਾਰਵਾਈ ਅਮਲ ਵਿੱਚ ਲਿਆਂਦੀ ਹੋਈ ਏ। ਉਨ੍ਹਾਂ ਦੱਸਿਆ ਕਿ ਜਿਹੜੀਆਂ ਮੰਡੀਆਂ ਵਿੱਚ ਪਾਣੀ ਖੜਿਆ ਸੀ ਉਨ੍ਹਾਂ ਵਿਚੋਂ ਦੋ ਘੰਟਿਆਂ ਦੇ ਅੰਦਰ ਪਾਣੀ ਦਾ ਨਿਕਾਸ ਕਰਵਾ ਦਿੱਤਾ ਗਿਆ।

------------------------------------------------------------------------

ਪੰਜਾਬ ਦੇ ਬਿਜਲੀ ਮੰਤਰੀ ਹਰਭਜਨ ਸਿੰਘ ਈ.ਟੀ.ਓ. ਨੇ ਕਿਹਾ ਏ ਕਿ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ ਖਪਤਕਾਰਾਂ ਲਈ ਸੇਵਾਵਾਂ ਵਿਚ ਵਾਧਾ ਕਰਨ, ਮਾਲੀਆ ਵਧਾਉਣ ਤੇ ਵਿਆਪਕ ਸੰਚਾਲਨ ਸੁਧਾਰਾਂ ਨੂੰ ਲਾਗੂ ਕਰਨ ਦੀ ਦਿਸ਼ਾ ਵਿਚ ਬੇਮਿਸਾਲ ਵਿਕਾਸ ਕਰ ਰਹੀ ਏ। ਬਿਜਲੀ ਮੰਤਰੀ ਨੇ ਕਿਹਾ ਕਿ ਪੀ.ਐਸ.ਪੀ.ਸੀ.ਐਲ. ਦੇ ਵਪਾਰਕ ਵਿਭਾਗ ਨੇ ਪਿਛਲੇ ਵਿੱਤੀ ਸਾਲ ਦੌਰਾਨ 31 ਦਸੰਬਰ, 2024 ਤੱਕ ਕਈ ਮਹੱਤਵਪੂਰਨ ਮੀਲ ਪੱਥਰ ਪ੍ਰਾਪਤ ਕੀਤੇ ਨੇ , ਜਿਸ ਵਿੱਚ ਖਪਤਕਾਰਾਂ ਦੇ ਅਨੁਭਵਾਂ ਨੂੰ ਹੋਰ ਬਿਹਤਰ ਬਣਾਉਣ ਤੇ ਸੰਚਾਲਨ ਪ੍ਰਕਿਰਿਆਵਾਂ ਨੂੰ ਹੋਰ ਸੁਚਾਰੂ ਬਣਾਉਣ ਲਈ ਤਿਆਰ ਕੀਤੀਆਂ ਗਈਆਂ ਰਣਨੀਤਕ ਪਹਿਲਕਦਮੀਆਂ ਨੂੰ ਲਾਗੂ ਕੀਤਾ ਗਿਆ ਏ।

--------------------------------------------------------------------------------

ਪੰਜਾਬ ਪੁਲਿਸ ਦੀ ਐਂਟੀ-ਗੈਂਗਸਟਰ ਟਾਸਕ ਫੋਰਸ (AGTF) ਨੇ ਇਕ 24 ਸਾਲਾ ਵਿਅਕਤੀ ਨੂੰ ਇਕ ਆਟੋਮੋਬਾਈਲ ਸ਼ੋਅਰੂਮ ਮਾਲਕ ਤੋਂ ਪੈਸੇ ਵਸੂਲਣ ਦੀ ਕੋਸ਼ਿਸ਼ ਕਰਨ ਦੇ ਦੋਸ਼ ਵਿਚ ਗ੍ਰਿਫ਼ਤਾਰ ਕੀਤਾ ਏ। ਮੁਲਜ਼ਮ ਲਵਜੀਤ ਸਿੰਘ, ਜੋ ਕਿ ਬਰਗਾੜੀ ਫਰੀਦਕੋਟ ਦਾ ਰਹਿਣ ਵਾਲਾ ਏ, ਨੇ 1 ਕਰੋੜ ਰੁਪਏ ਦੀ ਫਿਰੌਤੀ ਦੀ ਮੰਗ ਕੀਤੀ ਸੀ ਤੇ ਰਕਮ ਨਾ ਦੇਣ ਦੀ ਸੂਰਤ ਚ ਸ਼ਿਕਾਇਤਕਰਤਾ ਤੇ ਉਸ ਦੇ ਪਰਿਵਾਰ ਨੂੰ ਜਾਨੋਂ

ਮਾਰਨ ਦੀਆਂ ਧਮਕੀਆਂ ਦਿੱਤੀਆਂ ਸਨ। ਕਾਰਵਾਈ ਦੇ ਵੇਰਵੇ ਸਾਂਝੇ ਕਰਦੇ ਹੋਏ ਏ.ਜੀ.ਟੀ.ਐਫ. ਦੇ ਏ.ਡੀ.ਜੀ.ਪੀ. ਪ੍ਰਮੋਦ ਬਾਨ ਨੇ ਕਿਹਾ ਕਿ ਮੁਲਜ਼ਮ ਨੇ ਖੁਦ ਨੂੰ ਲਾਰੈਂਸ ਬਿਸ਼ਨੋਈ ਗੈਂਗ ਦੇ ਮੈਂਬਰ ਵਜੋਂ ਪੇਸ਼ ਕੀਤਾ ਤੇ ਪੀੜਤਾਂ ਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਡਰਾ-ਧਮਕਾ ਕੇ ਪੈਸੇ ਵਸੂਲਣ ਲਈ ਜਾਅਲੀ ਸੋਸ਼ਲ ਮੀਡੀਆ ਪ੍ਰੋਫਾਈਲਾਂ ਦੀ ਵਰਤੋਂ ਕੀਤੀ ਸੀ।